ਗੋਂਡ ਮਹਲਾ ੫ ॥ਅਚਰਜ ਕਥਾ ਮਹਾ ਅਨੂਪ ॥ ਪ੍ਰਾਤਮਾ ਪਾਰਬ੍ਰਹਮ ਕਾ ਰੂਪੁ ॥ ਰਹਾਉ ॥ ਨਾ ਇਹੁ ਬੂਢਾ ਨਾ ਇਹੁ ਬਾਲਾ ॥ ਨਾ ਇਸੁ ਦੂਖੁ ਨਹੀ ਜਮ ਜਾਲਾ ॥ ਨਾ ਇਹੁ ਬਿਨਸੈ ਨਾ ਇਹੁ ਜਾਇ ॥ ਆਦਿ ਜੁਗਾਦੀ ਰਹਿਆ ਸਮਾਇ ॥੧॥ ਨਾ ਇਸੁ ਉਸਨੁ ਨਹੀ ਇਸੁ ਸੀਤੁ ॥ ਨਾ ਇਸੁ ਦੁਸਮਨੁ ਨਾ ਇਸੁ ਮੀਤੁ ॥ ਨਾ ਇਸੁ ਹਰਖੁ ਨਹੀ ਇਸੁ ਸੋਗੁ ॥ ਸਭੁ ਕਿਛੁ ਇਸ ਕਾ ਇਹੁ ਕਰਨੈ ਜੋਗੁ ॥੨॥ ਨਾ ਇਸੁ ਬਾਪੁ ਨਹੀ ਇਸੁ ਮਾਇਆ ॥ ਇਹੁ ਅਪਰੰਪਰੁ ਹੋਤਾ ਆਇਆ ॥ ਪਾਪ ਪੁੰਨ ਕਾ ਇਸੁ ਲੇਪੁ ਨ ਲਾਗੈ ॥ ਘਟ ਘਟ ਅੰਤਰਿ ਸਦ ਹੀ ਜਾਗੈ ॥੩॥ ਤੀਨਿ ਗੁਣਾ ਇਕ ਸਕਤਿ ਉਪਾਇਆ ॥ ਮਹਾ ਮਾਇਆ ਤਾ ਕੀ ਹੈ ਛਾਇਆ ॥ ਅਛਲ ਅਛੇਦ ਅਭੇਦ ਦਇਆਲ ॥ ਦੀਨ ਦਇਆਲ ਸਦਾ ਕਿਰਪਾਲ ॥ ਤਾ ਕੀ ਗਤਿ ਮਿਤਿ ਕਛੂ ਨ ਪਾਇ ॥ਨਾਨਕ ਤਾ ਕੈ ਬਲਿ ਬਲਿ ਜਾਇ ॥੪॥੧੯॥੨੧॥ {ਪੰਨਾ 868}

ਪਦਅਰਥ:- ਅਚਰਜ—ਹੈਰਾਨ ਕਰਨ ਵਾਲੀ। ਅਨੂਪ—ਉਪਮਾ-ਰਹਿਤ, ਅਦੁਤੀ, ਜਿਸ ਵਰਗੀ ਹੋਰ ਕੋਈ ਸ਼ੈ ਨਾਹ ਹੋਵੇ। ਪ੍ਰਾਤਮਾ—ਜੀਵਾਤਮਾ। ਰਹਾਉ।

ਬਾਲਾ—ਬਾਲਕ। ਜਮ ਜਾਲਾ—ਜਮਾਂ ਦਾ ਜਾਲ। ਜਾਇ—ਜੰਮਦਾ। ਆਦਿ—ਮੁੱਢ ਤੋਂ। ਜੁਗਾਦੀ—ਜੁਗਾਦਿ, ਜੁਗਾਂ ਦੇ ਮੁੱਢ ਤੋਂ।1।

ਉਸਨੁ—(ਵਿਕਾਰਾਂ ਦੀ) ਗਰਮੀ। ਸੀਤੁ—ਠੰਢ। ਹਰਖੁ—ਖ਼ੁਸ਼ੀ। ਸੋਗੁ—ਫ਼ਿਕਰ। ਇਸ ਕਾ—{ਲਫ਼ਜ਼ 'ਇਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ}। ਕਰਨੈ ਜੋਗੁ—ਕਰਨ ਦੀ ਤਾਕਤ ਰੱਖਣ ਵਾਲਾ।2।

ਮਾਇਆ—ਮਾਂ। ਅਪਰੰਪਰੁ—ਪਰੇ ਤੋਂ ਪਰੇ। ਲੇਪੁ—ਅਸਰ। ਘਟ ਘਟ ਅੰਤਰਿ—ਹਰੇਕ ਸਰੀਰ ਵਿਚ। ਸਦ—ਸਦਾ। ਜਾਗੈ—(ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ।3।

ਸਕਤਿ—ਮਾਇਆ। ਤਾ ਕੀ—ਉਸ (ਪ੍ਰਭੂ) ਦੀ। ਛਾਇਆ—ਛਾਂ, ਪਰਛਾਵਾਂ। ਗਤਿ—ਆਤਮਕ ਅਵਸਥਾ। ਮਿਤਿ—ਮਰਯਾਦਾ, ਵਿਤ। ਬਲਿ—ਸਦਕੇ।4।

ਅਰਥ:- ਹੇ ਭਾਈ! ਜੀਵਾਤਮਾ ਉਸ ਪਰਮਾਤਮਾ ਦਾ ਰੂਪ ਹੈ ਜਿਸ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਹੈਰਾਨ ਕਰਨ ਵਾਲੀਆਂ ਹਨ ਤੇ ਬੜੀਆਂ ਅਦੁਤੀ ਹਨ। ਰਹਾਉ।

(ਹੇ ਭਾਈ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ ਉਹ ਐਸਾ ਹੈ ਕਿ) ਨਾਹ ਇਹ ਕਦੇ ਬੁੱਢਾ ਹੁੰਦਾ ਹੈ, ਨਾਹ ਹੀ ਇਹ ਕਦੇ ਬਾਲਕ (ਅਵਸਥਾ ਵਿਚ ਪਰ-ਅਧੀਨ) ਹੁੰਦਾ ਹੈ। ਇਸ ਨੂੰ ਕੋਈ ਦੁੱਖ ਨਹੀਂ ਪੋਹ ਸਕਦਾ, ਜਮਾਂ ਦਾ ਜਾਲ ਫਸਾ ਨਹੀਂ ਸਕਦਾ। (ਪਰਮਾਤਮਾ ਐਸਾ ਹੈ ਕਿ) ਨਾਹ ਇਹ ਕਦੇ ਮਰਦਾ ਹੈ ਨਾਹ ਜੰਮਦਾ ਹੈ, ਇਹ ਤਾਂ ਸ਼ੁਰੂ ਤੋਂ ਹੀ, ਜੁਗਾਂ ਦੇ ਸ਼ੁਰੂ ਤੋਂ ਹੀ (ਹਰ ਥਾਂ) ਵਿਆਪਕ ਚਲਿਆ ਆ ਰਿਹਾ ਹੈ।1।

(ਹੇ ਭਾਈ! ਜੀਵਾਤਮਾ ਜਿਸ ਪ੍ਰਭੂ ਦਾ ਰੂਪ ਹੈ ਉਹ ਐਸਾ ਹੈ ਕਿ) ਇਸ ਨੂੰ (ਵਿਕਾਰਾਂ ਦੀ) ਤਪਸ਼ ਨਹੀਂ ਪੋਹ ਸਕਦੀ (ਚਿੰਤਾ-ਫ਼ਿਕਰ ਦਾ) ਪਾਲਾ ਨਹੀਂ ਵਿਆਪ ਸਕਦਾ। ਨਾਹ ਇਸ ਦਾ ਕੋਈ ਵੈਰੀ ਹੈ ਨਾਹ ਮਿੱਤਰ ਹੈ (ਕਿਉਂਕਿ ਇਸ ਦੇ ਬਰਾਬਰ ਦਾ ਕੋਈ ਨਹੀਂ)। ਕੋਈ ਖ਼ੁਸ਼ੀ ਜਾਂ ਗ਼ਮੀ ਭੀ ਇਸ ਉਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ। (ਜਗਤ ਦੀ) ਹਰੇਕ ਸ਼ੈ ਇਸੇ ਦੀ ਹੀ ਪੈਦਾ ਕੀਤੀ ਹੋਈ ਹੈ, ਇਹ ਸਭ ਕੁਝ ਕਰਨ ਦੇ ਸਮਰੱਥ ਹੈ।2।

(ਹੇ ਭਾਈ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ ਉਹ ਐਸਾ ਹੈ ਕਿ) ਇਸ ਦਾ ਨਾਹ ਕੋਈ ਪਿਉ ਹੈ, ਨਾਹ ਇਸ ਦੀ ਮਾਂ ਹੈ। ਇਹ ਤਾਂ ਪਰੇ ਤੋਂ ਪਰੇ ਹੈ, ਤੇ ਸਦਾ ਹੀ ਹੋਂਦ ਵਾਲਾ ਹੈ। ਪਾਪਾਂ ਅਤੇ ਪੁੰਨਾਂ ਦਾ ਭੀ ਇਸ ਉਤੇ ਕੋਈ ਅਸਰ ਨਹੀਂ ਪੈਂਦਾ। ਇਹ ਪ੍ਰਭੂ ਹਰੇਕ ਸਰੀਰ ਦੇ ਅੰਦਰ ਮੌਜੂਦ ਹੈ, ਅਤੇ ਸਦਾ ਹੀ ਸੁਚੇਤ ਰਹਿੰਦਾ ਹੈ।3।

(ਹੇ ਭਾਈ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ) ਇਹ ਬੜੀ ਡਾਢੀ ਮਾਇਆ ਉਸੇ ਦਾ ਹੀ ਪਰਛਾਵਾਂ ਹੈ, ਇਹ

ਤਿੰਨਾਂ ਗੁਣਾਂ ਵਾਲੀ ਮਾਇਆ ਉਸੇ ਨੇ ਹੀ ਪੈਦਾ ਕੀਤੀ ਹੈ। ਉਸ ਪ੍ਰਭੂ ਨੂੰ (ਕੋਈ ਵਿਕਾਰ) ਛਲ ਨਹੀਂ ਸਕਦਾ, ਵਿੰਨ੍ਹ ਨਹੀਂ ਸਕਦਾ, ਉਸ ਦਾ ਭੇਤ ਨਹੀਂ ਪਾਇਆ ਜਾ ਸਕਦਾ, ਉਹ ਦਇਆ ਦਾ ਘਰ ਹੈ, ਉਹ ਦੀਨਾਂ ਉਤੇ ਸਦਾ ਦਇਆ ਕਰਨ ਵਾਲਾ ਹੈ, ਤੇ, ਦਇਆ ਦਾ ਸੋਮਾ ਹੈ। ਉਹ ਪ੍ਰਭੂ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ—ਇਹ ਭੇਤ ਲੱਭਿਆ ਨਹੀਂ ਜਾ ਸਕਦਾ। ਨਾਨਕ ਉਸ ਪ੍ਰਭੂ ਤੋਂ ਸਦਾ ਸਦਕੇ ਜਾਂਦਾ ਹੈ।4। 19। 21।